ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਮੋਗਾ

# ਉਸਾਰੀ ਕਿਰਤੀਆਂ ਨੂੰ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰ ਬੋਰਡ ਦੀਆਂ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ-ਡਾ: ਹਰਜੋਤ ਕਮਲ ਸਿੰਘ

- **ਵਿਧਾਇਕ ਮੋਗਾ ਨੇ ਗੋਪਾਲ ਗਊਸ਼ਾਲਾ ਮੋਗਾ ਵਿਖੇ ਲਗਭੱਗ 100 ਰਜਿਸਟਰਡ ਲਾਭਪਾਤਰੀਆਂ ਨੂੰ ਕੀਤੇ ਸਾਈਕਲ ਤਕਸੀਮ**
- **ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਯਤਨਸ਼ੀਲ**

ਮੋਗਾ 16 ਮਈ :

ਪੰਜਾਬ ਸਰਕਾਰ ਵੱਲੋਂ ਉਸਾਰੀ ਕਾਰਜਾਂ ਨਾਲ ਜੁੜੇ ਕਿਰਤੀ ਵਰਗ ਦੀ ਭਲਾਈ ਲਈ ਬਣਾਏ ਗਏ ਪੰਜਾਬ ਬਿਲਡਿੰਗ ਐਂਡ ਅਦਰ ਕੰਸਟਰਕਸ਼ਨ ਵਰਕਰ ਬੋਰਡ ਦੀਆਂ ਭਲਾਈ ਸਕੀਮਾਂ ਦਾ ਉਸਾਰੀ ਕਿਰਤੀਆਂ ਨੂੰ ਵੱਧ ਤੋਂ ਵੱਧ ਲਾਭ ਉਠਾਉਣਾ ਚਾਹੀਦਾ ਹੈ।

ਇਹ ਪ੍ਰਗਟਾਵਾ ਹਲਕਾ ਮੋਗਾ ਦੇ ਵਿਧਾਇਕ ਡਾ: ਹਰਜੋਤ ਕਮਲ ਸਿੰਘ ਨੇ ਗੋਪਾਲ ਗਊਸ਼ਾਲਾ ਮੋਗਾ ਵਿਖੇ ਲਗਭੱਗ 100 ਰਜਿਸਟਰਡ ਲਾਭਪਾਤਰੀਆਂ ਨੂੰ ਸਾਈਕਲ ਤਕਸੀਮ ਕਰਨ ਸਮੇਂ ਕੀਤਾ।

ਇਸ ਮੌਕੇ ਵਿਧਾਇਕ ਮੋਗਾ ਨੇ ਕਿਹਾ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਵਰਗ ਦੇ ਲੋਕਾਂ ਦੀ ਭਲਾਈ ਲਈ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਵੱਲੋਂ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਨੂੰ ਗੈਰ ਸਰਕਾਰੀ ਸੰਸਥਾਵਾਂ ਦੇ ਸਹਿਯੋਗ ਨਾਲ ਹੇਠਲੇ ਪੱਧਰ ਤੱਕ ਲਾਗੂ ਕਰਵਾਉਣ ਲਈ ਹਰ ਸੰਭਵ ਉਪਰਾਲੇ ਕੀਤੇ ਜਾਣਗੇ, ਤਾਂ ਜੋ ਲੋੜਵੰਦ ਵਿਅਕਤੀ ਇੰਨ੍ਹਾਂ ਸਕੀਮਾਂ ਤੋਂ ਲਾਭ ਉਠਾ ਸਕਣ। ਉਨ੍ਹਾਂ ਉਸਾਰੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਵੱਧ ਤੋਂ ਵੱਧ ਕੰਸਟਰਕਸ਼ਨ ਵਰਕਰ ਬੋਰਡ ਨਾਲ ਰਜਿਸਟਰ ਹੋ ਕੇ ਬੋਰਡ ਦੀਆਂ ਭਲਾਈ ਸਕੀਮਾਂ ਦਾ ਲਾਹਾ ਲੈਣ। ਉਨ੍ਹਾਂ ਇਹ ਵੀ ਕਿਹਾ ਕਿ ਉਹ ਹਰ ਵਰਗ ਦੇ ਲੋਕਾਂ ਦੀਆਂ ਸਮੱਸਿਆਵਾਂ ਹੱਲ ਕਰਨ ਲਈ ਹਮੇਸ਼ਾ ਤਤਪਰ ਰਹਿਣਗੇ।

ਇਸ ਮੌਕੇ ਸ਼ਹਿਰੀ ਪ੍ਰਧਾਨ ਕਾਂਗਰਸ ਕਮੇਟੀ ਵਿਨੋਦ ਬਾਂਸਲ, ਪ੍ਰਧਾਨ ਗੋਪਾਲ ਗਊਸ਼ਾਲਾ ਚਮਨ ਲਾਲ ਗੋਇਲ, ਜ਼ਿਲ੍ਹਾ ਕੋ-ਆਰਡੀਨੇਟਰ ਐਨ.ਜੀ.ਓ ਐਸ.ਕੇ.ਬਾਂਸਲ, ਸਹਾਇਕ ਕਿਰਤ ਕਮਿਸ਼ਨਰ ਮੋਗਾ ਰਾਜ ਕੁਮਾਰ ਗਰਗ, ਕਿਰਤ ਇੰਸਪੈਕਟਰ ਰਾਜੀਵ ਸੋਢੀ, ਸਤਿਨਾਮ ਸਿੰਘ, ਅੰਮ੍ਰਿਤਪਾਲ ਕੌਰ, ਗੁਰਦੀਪ ਸਿੰਘ, ਅਮਨਦੀਪ ਸਿੰਘ ਅਤੇ ਸ਼ਹਿਰ ਦੇ ਪਤਵੰਤੇ ਵਿਅਕਤੀ ਹਾਜ਼ਰ ਸਨ।

-------------------

ਨੰ: ਪੀ.ਆਰ(ਪ੍ਰੈ

ਰੀ)2017/266



